# ਪੰਜਾਬ ਐਜੂਸੈਟ ਸੁਸਾਇਟੀ

ਈ.ਬਲਾਕ, ਟੈਕਸਟ ਬੁੱਕ ਸੈਲ, ਵਿੱਦਿਆ ਭਵਨ, ਪਹਿਲੀ ਮੰਜ਼ਿਲ
ਪੀ.ਐਸ.ਈ.ਬੀ.ਕੈਂਪਸ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ।
ਫੋਨ ਨੰ. 0172-5218801-16, ਈ-ਮੇਲ: edusat.punjab@gmail.com


ਵੱਲ,

1. ਮੰਡਲ ਸਿੱਖਿਆ ਅਫਸਰ, ਨਾਭਾ, ਜਲੰਧਰ ਅਤੇ ਫਰੀਦਕੋਟ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
3. ਐਜੂਸੈਟ ਸੁਵਿਧਾ ਵਾਲੇ (ਹਾਈ ਅਤੇ ਸੀਨੀਅਰ ਸੈਕੰਡਰੀ) ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)।

ਮੀਮੋ ਨੰ.: 24/40/2017/ਪੀ.ਈ.ਐਸ/ਟਾਈਮ-ਸ਼ਡਿਊਲ/੧੫੨੦-੨੨
ਮਿਤੀ: .30.. ਜਨਵਰੀ, 2017.

**ਵਿਸ਼ਾ: ਸਕੂਲ ਸਿੱਖਿਆ ਵਿਭਾਗ ਲਈ ਐਜੂਸੈਟ ਪ੍ਰੋਗਰਾਮਾਂ ਦੀ ਸ਼ਡਿਊਲ ਮਹੀਨਾ ਫਰਵਰੀ-2017.**

1.0 ਫਰਵਰੀ-2017 ਦੀ ਐਜੂਸੈਟ ਪ੍ਰੋਗਰਾਮਾਂ ਦੀ ਸ਼ਡਿਊਲ ਵਿਦਿਆਰਥੀਆਂ ਦੀਆਂ ਸਲਾਨਾ ਪ੍ਰੀਖਿਆਵਾਂ ਅਤੇ ਪ੍ਰੀ-ਬੋਰਡ ਪ੍ਰੀਖਿਆਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਤਿਆਰ ਕੀਤੀ ਗਈ ਹੈ। ਇਸ ਸ਼ਡਿਊਲ ਵਿੱਚ 6ਵੀਂ ਤੋਂ 12ਵੀਂ ਜਮਾਤ ਲਈ ਸਕੂਲ ਸਿੱਖਿਆ ਵਿਭਾਗ ਲਈ ਨਸ਼ਰ ਕੀਤੇ ਜਾਣ ਵਾਲੇ ਰੈਗੂਲਰ ਪ੍ਰੋਗਰਾਮਾਂ, 12ਵੀਂ ਜਮਾਤ ਦੇ ਸਾਇੰਸ ਦੇ ਵਿਦਿਆਰਥੀਆਂ ਲਈ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਅਤੇ ਹੋਰ ਸਪੈਸ਼ਲ ਪ੍ਰੋਗਰਾਮਾਂ ਦਾ ਵੇਰਵਾ ਹੈ, ਭੇਜੀ ਜਾ ਰਹੀ ਹੈ (ਨੱਥੀ)। ਪ੍ਰੋਗਰਾਮ ਮਿਤੀ 01.02.2017 ਤੋਂ 18.02.2017 ਤੱਕ ਹੀ ਟੈਲੀਕਾਸਟ ਕੀਤੇ ਜਾਣਗੇ ਤਾਂ ਜੋ ਵਿਦਿਆਰਥੀ ਬਾਕੀ ਦਿਨਾਂ ਵਿੱਚ ਖੁੱਦ ਇਮਤਿਹਾਨਾਂ ਦੀ ਤਿਆਰੀ ਕਰ ਸਕਣ। ਪ੍ਰੀ-ਬੋਰਡ ਪ੍ਰੀਖਿਆਵਾਂ ਦੌਰਾਨ ਅਤੇ ਹੋਰ ਪ੍ਰੀਖਿਆਵਾਂ ਦੌਰਾਨ ਵਿਦਿਆਰਥੀਆਂ ਲਈ ਪ੍ਰੋਗਰਾਮ ਵੇਖਣ ਤੋਂ ਛੋਟ ਹੋਵੇਗੀ। ਸ਼ਡਿਊਲ ਅਨੁਸਾਰ ਸਵੇਰੇ 09:25 ਤੋਂ ਲੈ ਕੇ 12:30 ਵਜੇ ਤੱਕ ਐਜੂਸੈਟ ਦੇ ਪ੍ਰੋਗਰਾਮ ਟੈਲੀਕਾਸਟ ਹੋਣਗੇ ਜਦੋਂਕਿ ਮਿਤੀ 01.02.2017 ਤੋਂ 17.02.2017 ਤੱਕ 12ਵੀਂ ਜਮਾਤ ਦੇ ਸਾਇੰਸ ਦੇ ਵਿਦਿਆਰਥੀਆਂ ਲਈ ਸਲਾਨਾ ਪ੍ਰੀਖਿਆ ਦੀ ਤਿਆਰੀ ਅਤੇ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਵੀ ਐਜੂਸੈਟ ਰਾਹੀਂ ਕਰਵਾਈ ਜਾਣੀ ਜਾਰੀ ਰਹੇਗੀ।

2.0 ਐਜੂਸੈਟ ਰੂਮ ਅਤੇ ਐਜੂਸੈਟ ਲਾਈਬਰੇਰੀ ਵਿੱਚ ਹਰ ਸਬੰਧਤ ਪੀਰੀਅਡ ਵਿੱਚ ਵਿੱਦਿਆਰਥੀਆਂ ਦੀ ਹਾਜ਼ਰੀ ਐਜੂਸੈਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋਂ ਟੈਲੀਫੋਨ ਰਾਹੀਂ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿੱਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ ਐਜੂਸੈਟ ਪ੍ਰੋਗਰਾਮਾਂ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿੱਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ ਹੋਵੇ। ਸਬੰਧਤ ਸ਼ਡਿਊਲ ਵਿੱਚ ਜੇਕਰ ਕੋਈ ਟਾਪਿਕ ਸਿਲੇਬਸ ਅਨੁਸਾਰ ਨਹੀਂ ਹੈ ਤਾਂ ਉਸ ਸਬੰਧੀ ਪਹਿਲਾਂ ਹੀ ਫੋਨ ਨੰ. 0172-5218801-16 ਤੇ ਸਪੰਰਕ ਕਰਕੇ ਸੂਚਿਤ ਕਰ ਦਿੱਤਾ ਜਾਵੇ।

3.0 ਸਕੂਲ ਮੁੱਖੀ ਸੁਨਿਸ਼ਚਿਤ ਕਰਨਗੇ ਕਿ ਐਜੂਸੈਟ ਪ੍ਰੋਗਰਾਮਾਂ ਦੀ ਸ਼ਡਿਊਲ ਅਤੇ ਐਜੂਸੈਟ ਟਾਈਮ ਟੇਬਲ ਦੀ ਕਾਪੀ ਐਜੂਸੈਟ ਕਮਰੇ ਵਿੱਚ ਉਪਲਬਧ ਕਰਵਾਈ ਹੋਈ ਹੈ ਅਤੇ ਸ਼ਡਿਊਲ ਹਰ ਰੋਜ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਦੱਸੀ ਜਾਂਦੀ ਹੈ। ਸਕੂਲ ਮੁੱਖੀ ਇਹ ਵੀ ਸੁਨਿਸ਼ਚਿਤ ਕਰੇਗਾ ਕਿ ਲਾਈਵ ਲੈਕਚਰ ਵਾਲੇ ਦਿਨ ਸਬੰਧਤ ਅਧਿਆਪਕ ਹੱਬ ਵਿਖੇ ਸਮੇਂ ਸਿਰ ਹਾਜ਼ਰ ਹੋਣ। ਇਸ ਤੋਂ ਇਲਾਵਾ ਪ੍ਰੋਗਰਾਮਾਂ ਨੂੰ ਹੋਰ ਬਿਹਤਰ ਬਣਾਉਣ ਲਈ ਕ੍ਰਿਪਾ ਕਰਕੇ ਆਪਣੀ ਰਾਏ ਈ-ਮੇਲ edusat.punjab@gmail.com ਤੇ ਭੇਜੀ ਜਾਵੇ। ਫੀਡਬੈਕ ਦੇਣ ਲਈ http://goo.gl/forms/FTN8oQjnpp ਲਿੰਕ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ

ਪਿੱਠਅੰਕਣ ਨੰ.: 24/40/2017/ਪੀ.ਈ.ਐਸ/ਟਾਈਮ-ਸ਼ਡਿਊਲ/੧੫੨੩ ਮਿਤੀ: 30/01/2017.

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਡੀ.ਪੀ.ਆਈ.(ਸੈ.ਸਿ) ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।
3. ਡਿਪਟੀ ਡਾਇਰੈਕਟਰ, ਐਸ.ਆਈ.ਐਸ.ਈ ਪੰਜਾਬ।
4. ਏ.ਜੀ.ਐਮ.(ਵਿੱਤ), ਸਬੰਧਤ ਵਿਸ਼ਾ ਮਾਹਿਰ, ਸਟੂਡਿਓ ਇੰਜੀਨੀਅਰ ਅਤੇ ਤਕਨੀਕੀ ਸਟਾਫ, ਐਜੂਸੈਟ।
5. ਸਮੂਹ ਜਿਲ੍ਹਾ ਐਜੂਸੈਟ ਕੋਆਰਡੀਨੇਟਰ, ਪੰਜਾਬ।
6. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਤੇ ਨੋਟਿਸ ਬੋਰਡ ਤੇ ਉਪਲਬਧ ਕਰਵਾਉਣ ਹਿੱਤ।

ਡੀ.ਜੀ.ਐਸ.ਈ-ਕਮ-ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ